# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 28 ਅਕਤੂਬਰ 2026 ਦਿਨ ਬੁੱਧਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## USA: ਵਿਪਸਾ ਵੱਲੋਂ ਨਾਮਵਰ ਲੇਖਿਕਾ ਅਰਤਿੰਦਰ ਸੰਧੂ ਨਾਲ ਸਾਹਿਤਕ ਸੰਵਾਦ

### ਪੰਜਾਬੀ ਸਾਹਿਤ ਦੀ ਸਿਰਜਣਾ, ਸੰਪਾਦਨਾ ਅਤੇ ਸਮਾਜਿਕ ਸਰੋਕਾਰਾਂ ਬਾਰੇ ਹੋਈ ਚਰਚਾ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਮਾਰਟੀਨਜ਼ (ਕੈਲੀਫ਼ੋਰਨੀਆ) 28 ਅਕਤੂਬਰ : ਪੰਜਾਬੀ ਸਾਹਿਤ ਦੀ ਸਿਰਜਣਾ ਸਿਰਫ਼ ਰਚਨਾਵਾਂ ਲਿਖਣ ਤੱਕ ਸੀਮਤ ਨਹੀਂ, ਸਗੋਂ ਨਵੀਆਂ ਆਵਾਜ਼ਾਂ ਨੂੰ ਪਛਾਣਨ, ਉਨ੍ਹਾਂ ਨੂੰ ਮੰਚ ਦੇਣ ਅਤੇ ਸਾਹਿਤ ਨੂੰ ਸਮਾਜ ਦੇ ਸਰੋਕਾਰਾਂ ਨਾਲ ਜੋੜਨ ਵਿੱਚ ਵੀ ਇਸ ਦੀ ਅਹਿਮ ਭੂਮਿਕਾ ਹੈ। ਇਸੇ ਭਾਵਨਾ ਨੂੰ ਸਾਹਮਣੇ ਰੱਖਦਿਆਂ ਵਿਸ਼ਵ ਪੰਜਾਬੀ ਸਾਹਿਤ ਅਕਾਦਮੀ (ਵਿਪਸਾ) ਵੱਲੋਂ ਅਕਾਦਮੀ ਦੇ ਪ੍ਰਧਾਨ ਕੁਲਵਿੰਦਰ ਦੇ ਗ੍ਰਹਿ ਵਿਖੇ ਪੰਜਾਬ ਤੋਂ ਆਈ ਨਾਮਵਰ ਲੇਖਿਕਾ ਅਤੇ ਸਾਹਿਤਕ ਰਸਾਲੇ 'ਏਕਮ' ਦੀ ਸੰਪਾਦਕ ਅਰਤਿੰਦਰ ਸੰਧੂ ਨਾਲ ਸਾਹਿਤਕ ਸੰਵਾਦ ਅਤੇ ਕਵੀ ਦਰਬਾਰ ਕਰਵਾਇਆ ਗਿਆ। ਸਮਾਗਮ ਦੌਰਾਨ ਪੰਜਾਬੀ ਸਾਹਿਤ ਦੀਆਂ ਸੰਭਾਵਨਾਵਾਂ, ਰਸਾਲੇ ਦੀ ਸੰਪਾਦਕੀ ਦ੍ਰਿਸ਼ਟੀ, ਨਵੇਂ ਲੇਖਕਾਂ ਦੀ ਹੌਂਸਲਾ-ਅਫ਼ਜ਼ਾਈ ਅਤੇ ਸਾਹਿਤ ਦੇ ਸਮਾਜਿਕ ਸਰੋਕਾਰਾਂ ਬਾਰੇ ਵਿਚਾਰਾਂ ਦਾ ਆਦਾਨ-ਪ੍ਰਦਾਨ ਹੋਇਆ।

ਪ੍ਰੋ. ਹਰਿੰਦਰ ਕੌਰ ਸੋਹੀ ਨੇ ਮੰਚ ਸੰਚਾਲਨ ਕਰਦਿਆਂ ਲੇਖਕਾਂ ਅਤੇ ਸਾਹਿਤ ਪ੍ਰੇਮੀਆਂ ਦਾ ਸਵਾਗਤ ਕੀਤਾ। ਲਾਜ ਨੀਲਮ ਸੈਣੀ ਨੇ ਅਰਤਿੰਦਰ ਸੰਧੂ ਦੇ ਜੀਵਨ ਅਤੇ ਸਾਹਿਤਕ ਸਫ਼ਰ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਉਨ੍ਹਾਂ ਦਾ ਜਨਮ 29 ਸਤੰਬਰ 1945 ਨੂੰ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਖਿਆਲਾ ਵਿਖੇ ਹੋਇਆ। ਉੱਚ ਸਿੱਖਿਆ ਪ੍ਰਾਪਤ ਕਰਨ ਉਪਰੰਤ ਉਨ੍ਹਾਂ ਲੰਮਾ ਸਮਾਂ ਅਧਿਆਪਨ ਦੇ ਖੇਤਰ ਵਿੱਚ ਸੇਵਾ ਨਿਭਾਈ ਅਤੇ ਮੁੱਖ ਅਧਿਆਪਕਾ ਵਜੋਂ ਸੇਵਾਮੁਕਤ ਹੋਏ।

ਉਨ੍ਹਾਂ ਕਿਹਾ ਕਿ ਅਰਤਿੰਦਰ ਸੰਧੂ ਨੇ ਕਵਿਤਾ, ਕਹਾਣੀ, ਵਾਰਤਕ ਅਤੇ ਅਨੁਵਾਦ ਦੇ ਖੇਤਰਾਂ ਵਿੱਚ ਆਪਣੀ ਸਿਰਜਣਾਤਮਕ ਪਛਾਣ ਬਣਾਈ ਹੈ। ਉਨ੍ਹਾਂ ਦੀ ਸਾਹਿਤਕ ਸਰਗਰਮੀ ਦਾ ਇੱਕ ਮਹੱਤਵਪੂਰਨ ਪੱਖ 'ਏਕਮ' ਦੀ ਸੰਪਾਦਨਾ ਹੈ। ਪਿਛਲੇ ਪੰਦਰਾਂ ਸਾਲਾਂ ਤੋਂ ਉਹ ਇਸ ਰਸਾਲੇ ਰਾਹੀਂ ਸਾਹਿਤਕ ਰਚਨਾਵਾਂ ਅਤੇ ਪੁਸਤਕਾਂ ਨੂੰ ਪਾਠਕਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਨਵੇਂ ਲੇਖਕਾਂ ਲਈ ਵੀ ਰਾਹ ਖੋਲ੍ਹ ਰਹੇ ਹਨ। ਹਰ ਸਾਲ ਕਿਸੇ ਨਵੇਂ ਲੇਖਕ ਦੀ ਪੁਸਤਕ ਨੂੰ ਇਨਾਮ ਦੇ ਕੇ ਉਤਸ਼ਾਹਿਤ ਕਰਨਾ ਇਸੇ ਸਾਹਿਤਕ ਵਚਨਬੱਧਤਾ ਦਾ ਪ੍ਰਗਟਾਵਾ ਹੈ।

ਆਪਣੇ ਸਾਹਿਤਕ ਸਫ਼ਰ ਦੀਆਂ ਪਰਤਾਂ ਖੋਲ੍ਹਦਿਆਂ ਅਰਤਿੰਦਰ ਸੰਧੂ ਨੇ ਦੱਸਿਆ ਕਿ ਉਨ੍ਹਾਂ ਨੇ ਨੌਵੀਂ ਜਮਾਤ ਵਿੱਚ ਕਵਿਤਾ ਲਿਖਣੀ ਸ਼ੁਰੂ ਕੀਤੀ ਸੀ ਅਤੇ ਪ੍ਰਸਿੱਧ ਕਵੀ ਬਾਵਾ ਬਲਵੰਤ ਦੀ ਸ਼ਾਇਰੀ ਨੇ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਪ੍ਰਭਾਵਿਤ ਕੀਤਾ। ਕਵਿਤਾ ਦੀਆਂ ਸੋਲਾਂ ਪੁਸਤਕਾਂ ਤੋਂ ਇਲਾਵਾ ਉਨ੍ਹਾਂ ਕਹਾਣੀ, ਵਾਰਤਕ ਅਤੇ ਅਨੁਵਾਦ ਦੇ ਖੇਤਰਾਂ ਵਿੱਚ ਵੀ ਕੰਮ ਕੀਤਾ ਹੈ। ਉਨ੍ਹਾਂ ਆਪਣੀ ਕਹਾਣੀ 'ਸੂਬੇਦਾਰਨੀ ਦਾ ਪੋਤਾ' ਅਤੇ ਹੋਰ ਲਿਖਤਾਂ ਦੇ ਹਵਾਲੇ ਨਾਲ ਆਪਣੀਆਂ ਸਾਹਿਤਕ ਰੁਚੀਆਂ ਅਤੇ ਸਿਰਜਣਾਤਮਕ ਅਨੁਭਵ ਸਾਂਝੇ ਕੀਤੇ। 'ਏਕਮ' ਦੀ ਸੰਪਾਦਨਾ ਬਾਰੇ ਗੱਲ ਕਰਦਿਆਂ ਉਨ੍ਹਾਂ ਸਪੱਸ਼ਟ ਕੀਤਾ ਕਿ ਰਸਾਲੇ ਵਿੱਚ ਸਥਾਪਿਤ ਲੇਖਕਾਂ ਦੇ ਨਾਲ ਨਵੀਆਂ ਕਲਮਾਂ ਨੂੰ ਵੀ ਢੁੱਕਵੀਂ ਥਾਂ ਦਿੱਤੀ ਜਾਂਦੀ ਹੈ। ਨਵੀਆਂ ਪੁਸਤਕਾਂ ਬਾਰੇ ਜਾਣਕਾਰੀ ਰਸਾਲੇ ਦੇ ਪਿਛਲੇ ਪੰਨੇ 'ਤੇ ਬਿਨਾਂ ਕਿਸੇ ਖ਼ਰਚੇ ਦੇ ਪ੍ਰਕਾਸ਼ਿਤ ਕਰਨਾ ਉਨ੍ਹਾਂ ਦੀ ਉਸ ਸੋਚ ਦਾ ਹਿੱਸਾ ਹੈ, ਜਿਸ ਅਨੁਸਾਰ ਸਾਹਿਤਕ ਮੰਚਾਂ ਨੂੰ ਲੇਖਕਾਂ ਦੀ ਪਛਾਣ ਅਤੇ ਉਨ੍ਹਾਂ ਦੀਆਂ ਰਚਨਾਵਾਂ ਦੇ ਪ੍ਰਸਾਰ ਵਿੱਚ ਸਹਾਇਕ ਬਣਨਾ ਚਾਹੀਦਾ ਹੈ। ਸਿੱਖਿਆ ਅਤੇ ਔਰਤਾਂ ਨਾਲ ਹੁੰਦੇ ਵਿਤਕਰੇ ਵਰਗੇ ਸਮਾਜਿਕ ਮੁੱਦਿਆਂ ਨੂੰ ਰਸਾਲੇ ਵਿੱਚ ਥਾਂ ਦੇਣ ਬਾਰੇ ਵੀ ਉਨ੍ਹਾਂ ਆਪਣੇ ਵਿਚਾਰ ਪੇਸ਼ ਕੀਤੇ।

ਇਸ ਮੌਕੇ ਰਾਜ ਖ਼ੁਸ਼ਵੰਤ ਸਿੰਘ ਸੰਧੂ ਨੇ ਆਪਣੀ ਹਮਸਫ਼ਰ ਅਰਤਿੰਦਰ ਸੰਧੂ ਦੀ ਮਿਹਨਤ, ਲਗਨ ਅਤੇ ਦ੍ਰਿੜ੍ਹਤਾ ਦਾ ਜ਼ਿਕਰ ਕਰਦਿਆਂ ਕਿਹਾ ਕਿ 'ਏਕਮ' ਨੂੰ ਪਾਠਕਾਂ ਤੱਕ ਪਹੁੰਚਾਉਣ ਦੇ ਕਾਰਜ ਵਿੱਚ ਉਹ ਵੀ ਆਪਣਾ ਯੋਗਦਾਨ ਪਾਉਂਦੇ ਰਹੇ ਹਨ। ਹਰਪ੍ਰੀਤ ਕੌਰ ਧੂਤ ਨੇ ਰਸਾਲੇ ਦੇ ਮਿਆਰ ਅਤੇ ਅਰਤਿੰਦਰ ਸੰਧੂ ਦੀ ਸਾਹਿਤਕ ਦੇਣ ਦੀ ਸ਼ਲਾਘਾ ਕੀਤੀ। ਜਗਜੀਤ ਨੌਸ਼ਿਹਰਵੀ ਨੇ 'ਏਕਮ' ਵਿੱਚ ਪ੍ਰਕਾਸ਼ਿਤ ਹੁੰਦੀ ਸਮੱਗਰੀ ਦੀ ਗੁਣਵੱਤਾ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਰਤਿੰਦਰ ਸੰਧੂ ਵਿਦੇਸ਼ਾਂ ਵਿੱਚ ਵੱਸਦੇ ਸਾਹਿਤਕਾਰਾਂ ਨੂੰ ਵੀ ਬਣਦਾ ਮਾਣ-ਸਤਿਕਾਰ ਦਿੰਦੇ ਹਨ।

ਡਾ. ਪ੍ਰਿਥੀਪਾਲ ਸਿੰਘ ਸੋਹੀ ਨੇ ਅਰਤਿੰਦਰ ਸੰਧੂ ਦੇ ਵਿਚਾਰਾਂ ਨੂੰ ਅਜੋਕੇ ਪੂੰਜੀਵਾਦੀ ਯੁੱਗ, ਬੌਧਿਕਤਾ ਅਤੇ ਮਨੁੱਖੀ ਆਜ਼ਾਦੀ ਦੇ ਸੰਦਰਭ ਵਿੱਚ ਵਿਚਾਰਿਆ। ਡਾ. ਜਸਵੀਰ ਸਿੰਘ ਗਿੱਲ ਨੇ ਜੰਗਲ ਬਾਰੇ ਉਨ੍ਹਾਂ ਦੇ ਲੇਖ ਦੀ ਪ੍ਰਸ਼ੰਸਾ ਕੀਤੀ, ਜਦਕਿ ਪ੍ਰੋ. ਸੁਰਿੰਦਰ ਸਿੰਘ ਸੀਰਤ ਨੇ ਉਨ੍ਹਾਂ ਨੂੰ ਸਮਰੱਥ ਲੇਖਿਕਾ ਦੱਸਦਿਆਂ 'ਏਕਮ' ਨੂੰ ਮਿਆਰੀ ਸਾਹਿਤਕ ਰਸਾਲਾ ਕਿਹਾ। ਉਨ੍ਹਾਂ ਅਜੋਕੇ ਮਨੁੱਖ ਦੇ ਨੈਤਿਕ ਕਦਰਾਂ-ਕੀਮਤਾਂ ਤੋਂ ਦੂਰ ਹੁੰਦੇ ਜਾਣ 'ਤੇ ਚਿੰਤਾ ਵੀ ਪ੍ਰਗਟਾਈ। ਵਿਪਸਾ ਦੇ ਪ੍ਰਧਾਨ ਕੁਲਵਿੰਦਰ ਨੇ ਬਾਵਾ ਬਲਵੰਤ ਦੀ ਸ਼ਾਇਰੀ ਦੇ ਪੰਜਾਬੀ ਗ਼ਜ਼ਲ ਵਿੱਚ ਯੋਗਦਾਨ ਬਾਰੇ ਗੱਲ ਕਰਦਿਆਂ ਕਿਹਾ ਕਿ ਪੰਜਾਬੀ ਸ਼ਾਇਰੀ ਵਿੱਚ ਨਵੀਨਤਾ ਲਿਆਉਣ ਵਾਲੇ ਇਸ ਕਵੀ ਦੇ ਪ੍ਰਭਾਵ ਬਾਰੇ ਸੁਣਨਾ ਉਨ੍ਹਾਂ ਲਈ ਦਿਲਚਸਪੀ ਵਾਲੀ ਗੱਲ ਸੀ।

ਸਾਹਿਤਕ ਸੰਵਾਦ ਤੋਂ ਬਾਅਦ ਹੋਏ ਕਵੀ ਦਰਬਾਰ ਨੇ ਸਮਾਗਮ ਨੂੰ ਕਾਵਿਕ ਰੰਗਤ ਦਿੱਤੀ। ਡਾ. ਜਸਵੀਰ ਸਿੰਘ ਗਿੱਲ, ਅਰਤਿੰਦਰ ਸੰਧੂ, ਅਮਰਜੀਤ ਜੌਹਲ, ਅਜ਼ੀਮ, ਕਾਕਾ ਕਲੇਰ, ਸੁਖਜੀਤ ਸਿੰਘ, ਜਗਜੀਤ ਨੌਸ਼ਿਹਰਵੀ, ਹਰਪ੍ਰੀਤ ਕੌਰ ਧੂਤ, ਕੁਲਵਿੰਦਰ ਅਤੇ ਲਾਜ ਨੀਲਮ ਸੈਣੀ ਸਮੇਤ ਹੋਰ ਕਵੀਆਂ ਨੇ ਆਪਣੀਆਂ ਰਚਨਾਵਾਂ ਸੁਣਾਈਆਂ। ਰਣਜੀਤ ਕੌਰ ਅਤੇ ਪ੍ਰਸਿੱਧ ਗਾਇਕ ਸੁਖਦੇਵ ਸਾਹਿਲ ਨੇ ਗੀਤਾਂ ਅਤੇ ਗ਼ਜ਼ਲਾਂ ਨਾਲ ਮਹਿਫ਼ਲ ਨੂੰ ਸੁਰਮਈ ਬਣਾਇਆ, ਜਦਕਿ ਵਿਜੇ ਸਿੰਘ ਨੇ ਆਪਣੀ ਕਲਾ ਰਾਹੀਂ ਸਮਾਗਮ ਵਿੱਚ ਨਵਾਂ ਰੰਗ ਭਰਿਆ। ਰਸ਼ਮਦੀਪ ਸੰਧੂ ਅਤੇ ਸੁਖਵਿੰਦਰ ਕੌਰ ਉਚੇਦੇ ਵੀ ਸਮਾਗਮ ਵਿੱਚ ਸ਼ਾਮਲ ਹੋਏ। ਅੰਤ ਵਿੱਚ ਮਨਜੀਤ ਪਲਾਹੀ ਨੇ ਹਾਜ਼ਰ ਸਾਹਿਤਕਾਰਾਂ ਅਤੇ ਸਾਹਿਤ ਪ੍ਰੇਮੀਆਂ ਦਾ ਧੰਨਵਾਦ ਕੀਤਾ।

## ਯੁਵਕ ਮੇਲੇ ਦੌਰਾਨ ਜਨਗਣਨਾ-2027 ਸਬੰਧੀ ਜਾਗਰੂਕਤਾ ਅਤੇ ਪਟਿਆਲਾ, ਪੰਜਾਬ ਵਿੱਚ ਦੂਜੇ ਪੜਾਅ ਦੀ ਸਿਖਲਾਈ ਦਾ ਜਾਇਜ਼ਾ

ਵਰਲਡ ਪੰਜਾਬੀ ਟਾਈਮਜ਼




ਪਟਿਆਲਾ, 28 ਅਕਤੂਬਰ:ਜਨਗਣਨਾ-2027 ਦੀਆਂ ਚੱਲ ਰਹੀਆਂ ਤਿਆਰੀਆਂ ਦੇ ਹਿੱਸੇ ਵਜੋਂ, ਸ਼੍ਰੀ ਸੋਨਮ ਛੇਰਿੰਗ, ਡਿਪਟੀ ਡਾਇਰੈਕਟਰ ਅਤੇ ਸ਼੍ਰੀਮਤੀ ਰੇਣੂ, ਸਹਾਇਕ ਡਾਇਰੈਕਟਰ, ਜਨਗਣਨਾ ਕਾਰਜ ਡਾਇਰੈਕਟੋਰੇਟ, ਪੰਜਾਬ ਨੇ ਜ਼ਿਲ੍ਹਾ ਪਟਿਆਲਾ ਦਾ ਦੌਰਾ ਕੀਤਾ। ਇਸ ਦੌਰੇ ਦਾ ਉਦੇਸ਼ ਜਨਗਣਨਾ-2027 ਬਾਰੇ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਜਨਗਣਨਾ ਦੇ ਦੂਜੇ ਪੜਾਅ ਦੀਆਂ ਸਿਖਲਾਈ ਗਤੀਵਿਧੀਆਂ ਦਾ ਜਾਇਜ਼ਾ ਲੈਣਾ ਸੀ। ਦੌਰੇ ਦੌਰਾਨ ਅਧਿਕਾਰੀਆਂ ਨੇ ਖਾਲਸਾ ਕਾਲਜ, ਪਟਿਆਲਾ ਵਿਖੇ ਕਰਵਾਏ ਗਏ ਯੁਵਕ ਮੇਲੇ ਵਿੱਚ ਜਨਗਣਨਾ-2027 ਸਬੰਧੀ ਜਾਗਰੂਕਤਾ ਗਤੀਵਿਧੀਆਂ ਵਿੱਚ ਹਿੱਸਾ ਲਿਆ। ਇਸ ਪਹਿਲਕਦਮੀ ਦਾ ਉਦੇਸ਼ ਨੌਜਵਾਨਾਂ ਨੂੰ ਦੇਸ਼ ਦੀ ਯੋਜਨਾਬੰਦੀ, ਨੀਤੀਆਂ ਦੇ ਨਿਰਮਾਣ ਅਤੇ ਸਮਾਜਿਕ-ਆਰਥਿਕ ਵਿਕਾਸ ਵਿੱਚ ਜਨਗਣਨਾ ਦੀ ਮਹੱਤਤਾ ਬਾਰੇ ਜਾਣੂ ਕਰਵਾਉਣਾ ਸੀ। ਅਧਿਕਾਰੀਆਂ ਨੇ ਜਨਗਣਨਾ-2027 ਸਬੰਧੀ ਜਾਗਰੂਕਤਾ ਫੈਲਾਉਣ ਵਿੱਚ ਨੌਜਵਾਨਾਂ ਦੀ ਭੂਮਿਕਾ ਨੂੰ ਉਜਾਗਰ ਕੀਤਾ ਅਤੇ ਉਨ੍ਹਾਂ ਨੂੰ ਆਪਣੇ ਪਰਿਵਾਰਾਂ ਅਤੇ ਭਾਈਚਾਰਿਆਂ ਵਿੱਚ ਜਨਗਣਨਾ ਬਾਰੇ ਜਾਣਕਾਰੀ ਸਾਂਝੀ ਕਰਨ ਲਈ ਪ੍ਰੇਰਿਤ ਕੀਤਾ।




ਅਧਿਕਾਰੀਆਂ ਨੇ ਨਗਰ ਨਿਗਮ, ਪਟਿਆਲਾ ਵੱਲੋਂ ਗਣਨਾਕਾਰਾਂ ਅਤੇ ਸੁਪਰਵਾਈਜ਼ਰਾਂ ਲਈ ਕਰਵਾਏ ਜਾ ਰਹੇ ਦੂਜੇ ਪੜਾਅ (ਆਬਾਦੀ ਗਣਨਾ) ਦੇ ਸਿਖਲਾਈ ਪ੍ਰੋਗਰਾਮ ਦਾ ਵੀ ਦੌਰਾ ਕੀਤਾ। ਸਿਖਿਆਰਥੀਆਂ ਨਾਲ ਗੱਲਬਾਤ ਦੌਰਾਨ ਉਨ੍ਹਾਂ ਨੂੰ ਜਨਗਣਨਾ ਦੀ ਪ੍ਰਕਿਰਿਆ, ਇਸ ਨਾਲ ਸਬੰਧਤ ਮੁੱਖ ਧਾਰਨਾਵਾਂ ਅਤੇ ਕਾਰਜ-ਵਿਧੀਆਂ, ਸਹੀ ਅੰਕੜੇ ਇਕੱਠੇ ਕਰਨ ਦੀ ਮਹੱਤਤਾ ਅਤੇ ਗਣਨਾਕਾਰਾਂ ਤੇ ਸੁਪਰਵਾਈਜ਼ਰਾਂ ਦੀਆਂ ਭੂਮਿਕਾਵਾਂ ਅਤੇ ਜ਼ਿੰਮੇਵਾਰੀਆਂ ਬਾਰੇ ਜਾਣਕਾਰੀ ਦਿੱਤੀ ਗਈ।

ਅਧਿਕਾਰੀਆਂ ਨੇ ਜ਼ੋਰ ਦੇ ਕੇ ਕਿਹਾ ਕਿ ਜਨਗਣਨਾ-2027 ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨਾ ਖੇਤਰੀ ਅਮਲੇ ਦੀ ਤਿਆਰੀ, ਸਮਰਪਣ ਅਤੇ ਕਾਰਜਕੁਸ਼ਲਤਾ 'ਤੇ ਨਿਰਭਰ ਕਰਦਾ ਹੈ। ਉਨ੍ਹਾਂ ਸਿਖਿਆਰਥੀਆਂ ਨੂੰ ਨਿਰਧਾਰਤ ਹਦਾਇਤਾਂ ਨੂੰ ਚੰਗੀ ਤਰ੍ਹਾਂ ਸਮਝਣ ਅਤੇ ਆਬਾਦੀ ਗਣਨਾ ਦੌਰਾਨ ਸਹੀ ਤੇ ਭਰੋਸੇਯੋਗ ਜਾਣਕਾਰੀ ਇਕੱਠੀ ਕਰਨਾ ਯਕੀਨੀ ਬਣਾਉਣ ਲਈ ਪ੍ਰੇਰਿਤ ਕੀਤਾ।

ਇਹ ਦੌਰਾ ਜਨਗਣਨਾ ਸਬੰਧੀ ਤਿਆਰੀਆਂ ਨੂੰ ਹੋਰ ਮਜ਼ਬੂਤ ਕਰਨ ਲਈ ਜਨਗਣਨਾ ਕਾਰਜ ਡਾਇਰੈਕਟੋਰੇਟ, ਪੰਜਾਬ ਵੱਲੋਂ ਕੀਤੇ ਜਾ ਰਹੇ ਨਿਰੰਤਰ ਯਤਨਾਂ ਨੂੰ ਦਰਸਾਉਂਦਾ ਹੈ। ਇਨ੍ਹਾਂ ਯਤਨਾਂ ਵਿੱਚ ਜਨਤਕ ਜਾਗਰੂਕਤਾ, ਨੌਜਵਾਨਾਂ ਦੀ ਭਾਗੀਦਾਰੀ ਅਤੇ ਖੇਤਰੀ ਅਮਲੇ ਦੀ ਪ੍ਰਭਾਵਸ਼ਾਲੀ ਸਿਖਲਾਈ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ।

## ਪੀ.ਏ.ਯੂ. ਦੇ ਸਾਬਕਾ ਵਿਦਿਆਰਥੀ ਨੇ ਪੀ ਐੱਚ ਡੀ ਖੋਜਾਰਥੀਆਂ ਦੀਆਂ ਸਕਾਲਰਸ਼ਿਪ ਲਈ 20 ਲੱਖ ਰੁਪਏ ਦੀ ਇਮਦਾਦ ਦਿੱਤੀ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 28 ਅਕਤੂਬਰ : ਪੀ.ਏ.ਯੂ. ਦੇ ਖੇਤੀਬਾੜੀ ਕਾਲਜ ਦੇ ਸਾਬਕਾ ਵਿਦਿਆਰਥੀ ਅਤੇ ਯੂਨੀਵਰਸਿਟੀ ਤੋਂ ਅੰਕੜਾ ਵਿਗਿਆਨ ਦੇ ਸੇਵਾ ਮੁਕਤ ਪ੍ਰੋਫੈਸਰ ਡਾ. ਬਲਵੰਤ ਸਿੰਘ ਨੇ ਆਪਣੀ ਮਾਤਾ ਸਰਦਾਰਨੀ ਸ਼ਾਮ ਕੌਰ ਦੀ ਨਿੱਘੀ ਯਾਦ ਵਿਚ ਯੂਨੀਵਰਸਿਟੀ ਦੇ ਪਲਾਂਟ ਬਰੀਡਿੰਗ ਅਤੇ ਜੈਨੇਟਿਕਸ ਵਿਚ ਪੀ ਐੱਚ ਡੀ ਕਰਨ ਵਾਲੇ ਖੋਜਾਰਥੀਆਂ ਦੀ ਸਕਾਲਰਸ਼ਿਪ ਲਈ 20 ਲੱਖ ਰੁਪਏ ਦੀ ਇਮਦਾਦ ਦਿੱਤੀ ਹੈ| ਇਸ ਮੌਕੇ ਡਾ. ਬਲਵੰਤ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਦੇ ਅਕਾਦਮਿਕ ਪ੍ਰੋਗਰਾਮਾਂ ਦੀ ਮਜ਼ਬੂਤੀ ਲਈ ਚੰਗੇ ਖੋਜਾਰਥੀਆਂ ਦਾ ਉਤਸ਼ਾਹਿਤ ਹੋਣਾ ਬਹੁਤ ਜ਼ਰੂਰੀ ਹੈ| ਉਹਨਾਂ ਆਸ ਪ੍ਰਗਟਾਈ ਕਿ ਲੋੜਵੰਦ ਵਿਦਿਆਰਥੀਆਂ ਨੂੰ ਇਸ ਇਮਦਾਦ ਰਾਹੀਂ ਲਾਭ ਹਾਸਲ ਹੋ ਸਕੇਗਾ|

ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਹਰਵਿੰਦਰ ਸਿੰਘ ਧਾਲੀਵਾਲ ਨੇ ਇਸ ਨੇਕ ਕਾਰਜ ਲਈ ਡਾ. ਬਲਵੰਤ ਸਿੰਘ ਦਾ ਧੰਨਵਾਦ ਕੀਤਾ| ਉਹਨਾਂ ਕਿਹਾ ਕਿ ਇਹ ਕਾਰਜ ਨਾ ਸਿਰਫ ਨੌਜਵਾਨ ਖੋਜੀਆਂ ਨੂੰ ਹੋਰ ਦ੍ਰਿੜਤਾ ਨਾਲ ਖੋਜ ਦੇ ਪਾਸੇ ਜੋੜੇਗਾ ਬਲਕਿ ਇਸ ਨਾਲ ਕਈ ਸਾਬਕਾ ਵਿਦਿਆਰਥੀ ਆਪਣੇ ਪਿਆਰਿਆਂ ਦੀ ਯਾਦ ਸਦੀਵੀ ਰੱਖਣ ਵਾਸਤੇ ਪ੍ਰੇਰਨਾ ਲੈ ਸਕਣਗੇ|

ਹੋਰਨਾਂ ਤੋਂ ਇਲਾਵਾ ਡੀਨ ਪੋਸਟ ਗ੍ਰੈਜੁਏਟ ਸਟੱਡੀਜ਼ ਡਾ. ਹਰਮਿੰਦਰ ਸਿੰਘ, ਖੇਤੀਬਾੜੀ ਕਾਲਜ ਦੇ ਡੀਨ ਡਾ. ਚਰਨਜੀਤ ਸਿੰਘ ਔਲਖ ਅਤੇ ਪਲਾਂਟ ਬਰੀਡਿੰਗ ਅਤੇ ਜੈਨੇਟਿਕਸ ਵਿਭਾਗ ਦੇ ਮੁਖੀ ਡਾ. ਸੁਰਿੰਦਰ ਸੰਧੂ ਨੇ ਇਸ ਨੇਕ ਕਾਰਜ ਲਈ ਡਾ. ਬਲਵੰਤ ਸਿੰਘ ਅਤੇ ਉਹਨਾਂ ਦੇ ਪਰਿਵਾਰ ਦਾ ਧੰਨਵਾਦ ਕੀਤਾ|

## ਡੇਅਰੀ ਵਿਕਾਸ ਵਿਭਾਗ ਵੱਲੋਂ ਲੋਕਾਂ ਨੂੰ ਦੁੱਧ ਦੀ ਗੁਣਵੱਤਾ ਪ੍ਰਤੀ ਜਾਗਰੂਕ ਰਹਿਣ ਦੀ ਅਪੀਲ

### ਵਿਭਾਗ ਵੱਲੋਂ ਲਗਾਏ ਜਾ ਰਹੇ ਕੈਂਪਾਂ ਦੌਰਾਨ ਦੁੱਧ ਦੀ ਸ਼ੁੱਧਤਾ ਦੀ ਕਰਵਾਈ ਜਾ ਸਕਦੀ ਜਾਂਚ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ, 28 ਅਕਤੂਬਰ : ਡੇਅਰੀ ਵਿਕਾਸ ਵਿਭਾਗ ਵੱਲੋਂ ਆਮ ਜਨਤਾ ਨੂੰ ਅਪੀਲ ਕੀਤੀ ਗਈ ਕਿ ਉਹ ਦੁੱਧ ਦੀ ਗੁਣਵੱਤਾ ਪ੍ਰਤੀ ਜਾਗਰੂਕ ਰਹਿਣ ਅਤੇ ਸਮੇਂ-ਸਮੇਂ 'ਤੇ ਵਿਭਾਗ ਵੱਲੋਂ ਲਗਾਏ ਜਾ ਰਹੇ ਕੈਂਪਾਂ ਦਾ ਲਾਭ ਉਠਾ ਕੇ ਦੁੱਧ ਦੀ ਸਮਾਨਤਾ ਅਤੇ ਸ਼ੁੱਧਤਾ ਦੀ ਜਾਂਚ ਕਰਵਾਉਂਦੇ ਰਹਿਣ। ਵਿਭਾਗ ਦੇ ਬੁਲਾਰੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡੇਅਰੀ ਵਿਕਾਸ ਵਿਭਾਗ ਵੱਲੋਂ ਨਿਰੰਤਰ ਦੁੱਧ ਜਾਗਰੂਕਤਾ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ ਜਿਸਦੇ ਤਹਿਤ ਵੱਖ-ਵੱਖ ਥਾਵਾਂ 'ਤੇ ਆਮ ਲੋਕਾਂ ਵੱਲੋਂ ਲਿਆਂਦੇ ਗਏ ਦੁੱਧ ਦੇ ਸੈਂਪਲਾਂ ਦੀ ਮੌਕੇ 'ਤੇ ਹੀ ਟੈਸਟਿੰਗ ਕੀਤੀ ਜਾਂਦੀ ਹੈ।

ਇਸੇ ਲੜੀ ਤਹਿਤ ਅੱਜ ਖੰਨਾ ਸ਼ਹਿਰ ਵਿਖੇ ਦੁੱਧ ਖਪਤਕਾਰਾਂ ਨੂੰ ਜਾਗਰੂਕ ਕਰਨ ਦੇ ਮਕਸਦ ਨਾਲ 2 ਵਿਸ਼ੇਸ਼ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਲਗਾਏ ਗਏ। ਇਹ ਕੈਂਪ ਸ਼ਹਿਰ ਦੇ 'ਨਵੀਂ ਆਬਾਦੀ' ਅਤੇ 'ਆਜ਼ਾਦ ਨਗਰ' ਇਲਾਕਿਆਂ ਵਿੱਚ ਆਯੋਜਿਤ ਕੀਤੇ ਗਏ ਜਿੱਥੇ ਆਮ ਲੋਕਾਂ ਵੱਲੋਂ ਲਿਆਂਦੇ ਗਏ ਦੁੱਧ ਦੇ ਸੈਂਪਲਾਂ ਦੀ ਮੌਕੇ 'ਤੇ ਹੀ ਟੈਸਟਿੰਗ ਕੀਤੀ ਗਈ।

ਮਿਲੀ ਜਾਣਕਾਰੀ ਅਨੁਸਾਰ, ਪਹਿਲਾ ਕੈਂਪ ਨਵੀਂ ਆਬਾਦੀ ਵਿਖੇ ਲਗਾਇਆ ਗਿਆ, ਜਿਸ ਵਿੱਚ ਕੁੱਲ 32 ਦੁੱਧ ਦੇ ਸੈਂਪਲਾਂ ਦੀ ਜਾਂਚ ਕੀਤੀ ਗਈ। ਟੈਸਟਿੰਗ ਦੌਰਾਨ 15 ਸੈਂਪਲਾਂ ਵਿੱਚ ਪਾਣੀ ਦੀ ਮਾਤਰਾ ਨਿਰਧਾਰਤ ਪੈਮਾਨੇ ਤੋਂ ਵੱਧ ਪਾਈ ਗਈ। ਇਸੇ ਤਰ੍ਹਾਂ ਦੂਸਰਾ ਕੈਂਪ ਆਜ਼ਾਦ ਨਗਰ ਵਿਖੇ ਲਗਾਇਆ ਗਿਆ ਜਿੱਥੇ 31 ਦੁੱਧ ਦੇ ਸੈਂਪਲ ਟੈਸਟ ਕੀਤੇ ਗਏ ਅਤੇ ਇਨ੍ਹਾਂ ਵਿੱਚੋਂ 14 ਸੈਂਪਲਾਂ ਵਿੱਚ ਪਾਣੀ ਦੀ ਮਿਲਾਵਟ (ਮਾਤਰਾ ਵੱਧ) ਵੇਖਣ ਨੂੰ ਮਿਲੀ।

ਕੁੱਲ ਮਿਲਾ ਕੇ ਦੋਵਾਂ ਕੈਂਪਾਂ ਵਿੱਚ ਟੈਸਟ ਕੀਤੇ ਗਏ 63 ਸੈਂਪਲਾਂ ਵਿੱਚੋਂ 29 ਸੈਂਪਲਾਂ ਵਿੱਚ ਪਾਣੀ ਦੀ ਮਾਤਰਾ ਵੱਧ ਨਿਕਲੀ। ਹਾਲਾਂਕਿ, ਰਾਹਤ ਦੀ ਗੱਲ ਇਹ ਰਹੀ ਕਿ ਜਾਂਚ ਦੌਰਾਨ ਕਿਸੇ ਵੀ ਸੈਂਪਲ ਵਿੱਚ ਕੋਈ ਵੀ ਹਾਨੀਕਾਰਕ ਰਸਾਇਣ (ਕੈਮੀਕਲ) ਨਹੀਂ ਪਾਇਆ ਗਿਆ।

## ਕਰਵਾ ਚੌਥ ਨੂੰ ਲੈ ਕੇ ਕੋਟਕਪੂਰਾ ਦੇ ਬਾਜ਼ਾਰਾਂ 'ਚ ਵਧੀ ਰੌਣਕ

### ਕਰਵਾ ਚੌਥ ਦੀਆਂ ਤਿਆਰੀਆਂ ਨੂੰ ਲੈ ਕੇ ਕੋਟਕਪੂਰਾ ਦੇ ਬਾਜ਼ਾਰਾਂ 'ਚ ਔਰਤਾਂ ਦੀ ਭੀੜ

### ਬਾਜ਼ਾਰ 'ਚ ਵੱਡੀ ਗਿਣਤੀ ਵਿਚ ਔਰਤਾਂ ਹੱਥਾਂ 'ਤੇ ਲਗਵਾ ਰਹੀਆਂ ਹਨ ਮਹਿੰਦੀ

### ਪਤੀ-ਪਤਨੀ ਦੇ ਪਿਆਰ ਦਾ ਪ੍ਰਤੀਕ 'ਕਰਵਾ ਚੌਥ', ਕੋਟਕਪੂਰਾ 'ਚ ਸ਼ੁਰੂ ਹੋਈਆਂ ਤਿਉਹਾਰ ਦੀਆਂ ਰੌਣਕਾਂ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 28 ਅਕਤੂਬਰ : ਪਤੀ-ਪਤਨੀ ਦੇ ਪਿਆਰ, ਵਿਸ਼ਵਾਸ, ਸਮਰਪਣ ਅਤੇ ਆਪਸੀ ਰਿਸ਼ਤਿਆਂ ਦੀ ਮਜ਼ਬੂਤੀ ਦਾ ਪ੍ਰਤੀਕ ਮੰਨਿਆ ਜਾਣ ਵਾਲਾ ਕਰਵਾ ਚੌਥ ਦਾ ਤਿਉਹਾਰ ਨੇੜੇ ਆਉਂਦਿਆਂ ਹੀ ਕੋਟਕਪੂਰਾ ਦੇ ਬਾਜ਼ਾਰਾਂ 'ਚ ਰੌਣਕ ਵਧਣ ਲੱਗੀ ਹੈ। ਤਿਉਹਾਰ ਦੀਆਂ ਤਿਆਰੀਆਂ ਨੂੰ ਲੈ ਕੇ ਔਰਤਾਂ 'ਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਬਾਜ਼ਾਰਾਂ 'ਚ ਖਰੀਦਦਾਰੀ ਦਾ ਜ਼ੋਰ ਵਧਣ ਕਾਰਨ ਦੁਕਾਨਦਾਰਾਂ ਦੇ ਚਿਹਰਿਆਂ 'ਤੇ ਵੀ ਰੌਣਕ ਦਿਖਾਈ ਦੇ ਰਹੀ ਹੈ। ਕਰਵਾ ਚੌਥ ਦੇ ਮੱਦੇਨਜ਼ਰ ਔਰਤਾਂ ਵੱਲੋਂ ਨਵੇਂ ਸੂਟਾਂ, ਸਾੜੀਆਂ, ਗਹਿਣਿਆਂ, ਚੂੜੀਆਂ, ਮਹਿੰਦੀ ਅਤੇ ਹੋਰ ਸ਼ਿੰਗਾਰ ਦੇ ਸਾਮਾਨ ਦੀ ਖਰੀਦਦਾਰੀ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਤਿਉਹਾਰ ਦੀ ਪੂਜਾ ਲਈ ਲੋੜੀਂਦੇ ਸਾਮਾਨ ਦੀ ਖਰੀਦ ਵੀ ਕੀਤੀ ਜਾ ਰਹੀ ਹੈ।




ਕੱਪੜਿਆਂ ਅਤੇ ਕਾਸਮੈਟਿਕਸ ਦੀਆਂ ਦੁਕਾਨਾਂ 'ਤੇ ਔਰਤਾਂ ਦੀ ਆਮਦ ਵਧ ਰਹੀ ਹੈ। ਕਈ ਔਰਤਾਂ ਆਪਣੇ ਪਰਿਵਾਰਕ ਮੈਂਬਰਾਂ ਨਾਲ ਬਾਜ਼ਾਰ ਪਹੁੰਚ ਕੇ ਤਿਉਹਾਰ ਲਈ ਖਰੀਦਦਾਰੀ ਕਰ ਰਹੀਆਂ ਹਨ। ਇਸ ਦਿਨ ਲਈ ਔਰਤਾਂ ਵੱਲੋਂ ਆਪਣੇ ਪਹਿਰਾਵੇ ਅਤੇ ਸ਼ਿੰਗਾਰ ਦੀਆਂ ਤਿਆਰੀਆਂ ਪਹਿਲਾਂ ਹੀ ਸ਼ੁਰੂ ਕਰ ਦਿੱਤੀਆਂ ਜਾਂਦੀਆਂ ਹਨ। ਹੱਥਾਂ 'ਤੇ ਮਹਿੰਦੀ ਲਗਵਾਉਣ, ਨਵੀਆਂ ਚੂੜੀਆਂ ਪਹਿਨਣ ਅਤੇ ਰਵਾਇਤੀ ਪਹਿਰਾਵੈ ਰਾਹੀਂ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕਰਨ ਦੀ ਪ੍ਰੰਪਰਾ ਇਸ ਦੀ ਵਿਸ਼ੇਸ਼ ਪਛਾਣ ਹੈ।

ਖਰੀਦਦਾਰੀ ਕਰ ਰਹੀਆਂ ਕੁਝ ਔਰਤਾਂ ਨੇ ਕਿਹਾ ਕਿ ਕਰਵਾ ਚੌਥ ਸਿਰਫ ਇਕ ਤਿਉਹਾਰ ਹੀ ਨਹੀਂ, ਸਗੋਂ ਭਾਰਤੀ ਸੱਭਿਆਚਾਰ, ਪਰਿਵਾਰਕ ਕਦਰਾਂ-ਕੀਮਤਾਂ ਅਤੇ ਰਿਸ਼ਤਿਆਂ ਪ੍ਰਤੀ ਸਮਰਪਣ ਨੂੰ ਦਰਸਾਉਣ ਵਾਲਾ ਵਿਸ਼ੇਸ਼ ਮੌਕਾ ਹੈ। ਇਹ ਤਿਉਹਾਰ ਪਤੀ-ਪਤਨੀ ਵਿਚਕਾਰ ਪਿਆਰ, ਵਿਸ਼ਵਾਸ ਅਤੇ ਆਪਸੀ ਸਾਂਝ ਨੂੰ ਹੋਰ ਮਜ਼ਬੂਤ ਕਰਨ ਦਾ ਸੰਦੇਸ਼ ਦਿੰਦਾ ਹੈ।

ਅਜਿਹੇ ਤਿਉਹਾਰ ਪਰਿਵਾਰਾਂ ਨੂੰ ਇਕੱਠੇ ਹੋਣ ਅਤੇ ਆਪਣੀਆਂ ਰਵਾਇਤਾਂ ਨਾਲ ਜੁੜੇ ਰਹਿਣ ਦਾ ਮੌਕਾ ਵੀ ਪ੍ਰਦਾਨ ਕਰਦੇ ਹਨ। ਬਦਲਦੇ ਸਮੇਂ ਦੇ ਬਾਵਜੂਦ ਭਾਰਤੀ ਤਿਉਹਾਰਾਂ ਪ੍ਰਤੀ ਲੋਕਾਂ ਦਾ ਉਤਸ਼ਾਹ ਬਰਕਰਾਰ ਹੈ। ਨਵੀਂ ਪੀੜ੍ਹੀ ਵੀ ਇਨ੍ਹਾਂ ਰਵਾਇਤਾਂ ਨੂੰ ਅਪਣਾਉਂਦੀ ਹੋਈ ਆਪਣੇ ਸੱਭਿਆਚਾਰ ਨਾਲ ਜੁੜ ਰਹੀ ਹੈ। ਕਰਵਾ ਚੌਥ ਵਰਗੇ ਤਿਉਹਾਰ ਪਰਿਵਾਰਕ ਰਿਸ਼ਤਿਆਂ 'ਚ ਮਿਠਾਸ ਵਧਾਉਣ ਦੇ ਨਾਲ-ਨਾਲ ਸਮਾਜ 'ਚ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ 'ਚ ਵੀ ਅਹਿਮ ਭੂਮਿਕਾ ਨਿਭਾਉਂਦੇ ਹਨ।

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਕੀਤਾ ਜਾਗਰੂਕ

### ਨੌਜਵਾਨਾਂ ਨੂੰ ਹੁਨਰਮੰਦ ਬਣ ਕੇ ਸਵੈ-ਰੁਜ਼ਗਾਰ ਅਪਣਾਉਣ ਅਤੇ ਰੁਜ਼ਗਾਰ ਦਫ਼ਤਰ ਵਿਖੇ ਰਜਿਸਟ੍ਰੇਸ਼ਨ ਕਰਵਾਉਣ ਲਈ ਕੀਤਾ ਪ੍ਰੇਰਿਤ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ




ਫ਼ਰੀਦਕੋਟ, 28 ਅਕਤੂਬਰ : ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ, ਉਨ੍ਹਾਂ ਨੂੰ ਸਹੀ ਦਿਸ਼ਾ ਪ੍ਰਦਾਨ ਕਰਨ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਦੇ ਉਦੇਸ਼ ਨਾਲ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜ਼ਿਲ੍ਹਾ ਰੁਜ਼ਗਾਰ ਅਤੇ ਕਾਰੋਬਾਰ ਬਿਊਰੋ, ਫ਼ਰੀਦਕੋਟ ਵੱਲੋਂ ਨੌਜਵਾਨਾਂ ਅਤੇ ਆਮ ਲੋਕਾਂ ਨੂੰ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਜਲਾਲੇਆਣਾ ਰੋਡ ਸਥਿਤ ਸਰਕਾਰੀ ਪ੍ਰਾਇਮਰੀ ਸਕੂਲ, ਕੋਟਕਪੂਰਾ ਵਿਖੇ ਜਾਗਰੂਕਤਾ ਕੈਂਪ ਲਗਾਇਆ ਗਿਆ, ਜਿਸ ਦੌਰਾਨ ਹਾਜ਼ਰ ਵਿਅਕਤੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦੇਣ ਦੇ ਨਾਲ-ਨਾਲ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਅਤੇ ਉਸਾਰੂ ਜੀਵਨ ਜਿਊਣ ਲਈ ਪ੍ਰੇਰਿਤ ਕੀਤਾ ਗਿਆ।

ਕੈਂਪ ਦੌਰਾਨ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਵਧਾਉਣ ਲਈ ਵੱਖ-ਵੱਖ ਹੁਨਰ ਵਿਕਾਸ ਸਿਖਲਾਈ ਕੋਰਸਾਂ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੂੰ ਆਪਣੀ ਰੁਚੀ ਅਤੇ ਯੋਗਤਾ ਅਨੁਸਾਰ ਹੁਨਰ ਸਿੱਖਣ ਲਈ ਪ੍ਰੇਰਿਤ ਕਰਦਿਆਂ ਦੱਸਿਆ ਗਿਆ ਕਿ ਕਿੱਤਾਮੁਖੀ ਸਿਖਲਾਈ ਪ੍ਰਾਪਤ ਕਰਕੇ ਨੌਜਵਾਨ ਆਪਣੇ ਪੈਰਾਂ 'ਤੇ ਖੜ੍ਹੇ ਹੋ ਸਕਦੇ ਹਨ ਅਤੇ ਆਪਣੇ ਪਰਿਵਾਰ ਦੀ ਆਰਥਿਕ ਹਾਲਤ ਸੁਧਾਰਨ ਵਿੱਚ ਅਹਿਮ ਯੋਗਦਾਨ ਪਾ ਸਕਦੇ ਹਨ।

ਇਸ ਮੌਕੇ ਜ਼ਿਲ੍ਹਾ ਰੁਜ਼ਗਾਰ ਉਤਪੱਤੀ, ਹੁਨਰ ਵਿਕਾਸ ਅਤੇ ਸਿਖਲਾਈ ਦਫ਼ਤਰ ਤੋਂ ਪਲੇਸਮੈਂਟ ਅਫ਼ਸਰ ਸ੍ਰੀਮਤੀ ਨੀਤੂ ਰਾਣੀ, ਬਲਾਕ ਮਿਸ਼ਨ ਮੈਨੇਜਰ (ਪੀ.ਐੱਸ.ਡੀ.ਐੱਮ.) ਸ੍ਰੀ ਵਿਜੈ ਅਤੇ ਸ੍ਰੀ ਵਿੱਕੀ ਵੱਲੋਂ ਹਾਜ਼ਰ ਲੋਕਾਂ ਨਾਲ ਜਾਣਕਾਰੀ ਸਾਂਝੀ ਕੀਤੀ ਗਈ। ਉਨ੍ਹਾਂ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਆਪਣੇ ਭਵਿੱਖ ਨੂੰ ਬਿਹਤਰ ਬਣਾਉਣ ਅਤੇ ਹੁਨਰ ਵਿਕਾਸ ਦੇ ਮੌਕਿਆਂ ਦਾ ਲਾਭ ਲੈਣ ਦੀ ਅਪੀਲ ਕੀਤੀ।

ਇਸ ਤੋਂ ਇਲਾਵਾ ਨੌਜਵਾਨਾਂ ਨੂੰ ਆਪਣਾ ਨਾਮ ਦਰਜ ਕਰਵਾਉਣ ਅਤੇ ਰੁਜ਼ਗਾਰ ਸਬੰਧੀ ਸੇਵਾਵਾਂ ਦਾ ਲਾਭ ਲੈਣ ਲਈ ਕਿਸੇ ਵੀ ਕੰਮਕਾਜ ਵਾਲੇ ਦਿਨ ਜ਼ਿਲ੍ਹਾ ਰੁਜ਼ਗਾਰ ਅਤੇ ਕਾਰੋਬਾਰ ਬਿਊਰੋ, ਤਲਵੰਡੀ ਬਾਈਪਾਸ, ਨੇੜੇ ਪੁਰਾਣਾ ਗ੍ਰੈਂਡ ਵਿਲਾ ਪੈਲੇਸ (ਪੁਰਾਣਾ ਸੰਧੂ ਪੈਲੇਸ), ਰੈੱਡ ਕਰਾਸ ਬਿਰਧ ਆਸ਼ਰਮ ਦੀ ਪਹਿਲੀ ਮੰਜ਼ਿਲ, ਫ਼ਰੀਦਕੋਟ ਵਿਖੇ ਪਹੁੰਚਣ ਲਈ ਕਿਹਾ ਗਿਆ। ਉਨ੍ਹਾਂ ਨੂੰ ਪੰਜਾਬ ਸਰਕਾਰ ਦੇ ਰੁਜ਼ਗਾਰ ਪੋਰਟਲ www.pgrkam.com 'ਤੇ ਆਪਣੀ ਰਜਿਸਟ੍ਰੇਸ਼ਨ ਕਰਵਾਉਣ ਬਾਰੇ ਵੀ ਜਾਣਕਾਰੀ ਦਿੱਤੀ ਗਈ।

## ਮੇਰੀ ਦੁਕਾਨ ਮੇਰੇ ਨਾਮ ਸਕੀਮ ਨੂੰ 100 ਫ਼ੀਸਦੀ ਲਾਗੂ ਕੀਤਾ ਜਾਵੇਗਾ: ਅਨਿਲ ਠਾਕੁਰ

ਵਰਲਡ ਪੰਜਾਬੀ ਟਾਈਮਜ਼




ਪਟਿਆਲਾ, 28 ਅਕਤੂਬਰ: ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੇਰੀ ਦੁਕਾਨ ਮੇਰੇ ਨਾਮ' ਸਕੀਮ ਤਹਿਤ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਅਤੇ ਸਟੇਟ ਪ੍ਰੈਜ਼ੀਡੈਂਟ ਟ੍ਰੇਡ ਵਿੰਗ ਦੇ ਚੇਅਰਮੈਨ ਸ੍ਰੀ ਅਨਿਲ ਠਾਕੁਰ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਦੁਕਾਨਦਾਰਾਂ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਸਕੀਮ ਨੂੰ 100 ਫ਼ੀਸਦੀ ਲਾਗੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਕੀਮ ਨੂੰ ਸੁਚੱਜੇ ਢੰਗ ਨਾਲ ਲਾਗੂ ਕਰਨ ਲਈ ਪ੍ਰਸ਼ਾਸਨ ਅਤੇ ਵਪਾਰੀਆਂ ਵਿਚਕਾਰ ਆਪਸੀ ਤਾਲਮੇਲ ਬਹੁਤ ਜ਼ਰੂਰੀ ਹੈ।ਇਸ ਮੌਕੇ ਓਹਨਾ ਦੇ ਨਾਲ ਚੇਅਰਮੈਨ ਪਲੇਨਿੰਗ ਬੋਰਡ ਤੇਜਿੰਦਰ ਮਹਿਤਾ , ਜਿਲ੍ਹਾ ਚੇਅਰਮੈਨ ਟ੍ਰੇਡ ਕਮਿਸ਼ਨ ਵਿਨੋਦ ਸਿੰਗਲਾ, ਮੈਂਬਰ ਟ੍ਰੇਡ ਕਮਿਸ਼ਨ ਸੰਜੀਵ ਗੁਪਤਾ ਵੀ ਮੌਜੂਦ ਸਨ।

ਸ੍ਰੀ ਅਨਿਲ ਠਾਕੁਰ ਨੇ ਵਪਾਰੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਸਕੀਮ ਸਬੰਧੀ ਜ਼ਿਲ੍ਹਾ ਪ੍ਰਸ਼ਾਸਨ ਨਾਲ ਪੂਰਾ ਸਹਿਯੋਗ ਕਰਨ ਅਤੇ ਲੋੜੀਂਦੀ ਪ੍ਰਕਿਰਿਆ ਸਮੇਂ ਸਿਰ ਮੁਕੰਮਲ ਕਰਨ, ਤਾਂ ਜੋ ਯੋਗ ਦੁਕਾਨਦਾਰਾਂ ਨੂੰ ਸਕੀਮ ਦਾ ਲਾਭ ਮਿਲ ਸਕੇ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਦੁਕਾਨਦਾਰਾਂ ਨੂੰ ਮਾਲਕੀ ਦੇ ਹੱਕ ਦੇਣ ਲਈ ਜੋ ਉਪਰਾਲਾ ਕੀਤਾ ਗਿਆ ਹੈ, ਉਸ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਇਸ ਸਕੀਮ ਨੂੰ ਲਾਗੂ ਕਰਨ ਲਈ ਸਾਰੇ ਸਬੰਧਤ ਵਿਭਾਗਾਂ ਅਤੇ ਵਪਾਰੀਆਂ ਦੇ ਸਹਿਯੋਗ ਨਾਲ ਲੋੜੀਂਦੇ ਕਦਮ ਚੁੱਕੇ ਜਾਣਗੇ।

ਚੇਅਰਮੈਨ ਨੇ ਦੁਕਾਨਦਾਰਾਂ ਨੂੰ ਕਿਹਾ ਕਿ ਜਿਹੜੇ ਦੁਕਾਨਦਾਰ ਇਸ ਸਕੀਮ ਤਹਿਤ ਆਪਣੀ ਦੁਕਾਨ ਦੀ ਮਾਲਕੀ ਲੈਣਾ ਚਾਹੁੰਦੇ ਹਨ, ਉਹ 6 ਤਾਰੀਖ ਤੱਕ ਆਪਣੇ ਫਾਰਮ ਭਰ ਕੇ ਜਮ੍ਹਾਂ ਕਰਵਾਉਣ। ਉਨ੍ਹਾਂ ਇਹ ਵੀ ਕਿਹਾ ਕਿ ਜਿਹੜੇ ਦੁਕਾਨਦਾਰ ਇਸ ਸਕੀਮ ਤਹਿਤ ਮਾਲਕੀ ਲੈਣ ਦੇ ਇੱਛੁਕ ਨਹੀਂ ਹਨ, ਉਹ ਇਸ ਸਬੰਧੀ ਆਪਣੀ ਸਹਿਮਤੀ ਨਾ ਹੋਣ ਬਾਰੇ ਲਿਖਤੀ ਤੌਰ 'ਤੇ ਜਾਣਕਾਰੀ ਦੇਣ, ਤਾਂ ਜੋ ਅਗਲੀ ਕਾਰਵਾਈ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ।

## ਖੇਤ ਬਚਾਓ ਅਭਿਆਨ ਤਹਿਤ ਪਿੰਡ ਲਲਤੋਂ ਕਲਾਂ ਵਿਖੇ ਬਲਾਕ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ

### ਐਸ.ਡੀ.ਐਮ. ਲੁਧਿਆਣਾ ਪੱਛਮੀ ਕੁਲਦੀਪ ਬਾਵਾ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ

### ਕਿਸਾਨਾਂ ਨੂੰ ਪਰਾਲੀ ਪ੍ਰਬੰਧਨ, ਹਾੜ੍ਹੀ ਦੀਆਂ ਫ਼ਸਲਾਂ ਦੀ ਕਾਸ਼ਤ ਅਤੇ ਖਾਦਾਂ ਦੀ ਸੁਚੱਜੀ ਵਰਤੋਂ ਬਾਰੇ ਕੀਤਾ ਜਾਗਰੂਕ

ਵਰਲਡ ਪੰਜਾਬੀ ਟਾਈਮਜ਼




ਲੁਧਿਆਣਾ, 28 ਅਕਤੂਬਰ : ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ 'ਖੇਤ ਬਚਾਓ ਅਭਿਆਨ' ਤਹਿਤ ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ, ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ, ਖਾਦਾਂ ਦੀ ਸੰਤੁਲਿਤ ਵਰਤੋਂ ਅਤੇ ਹਾੜ੍ਹੀ ਦੀਆਂ ਫ਼ਸਲਾਂ ਦੀ ਬਿਹਤਰ ਕਾਸ਼ਤ ਸਬੰਧੀ ਪਿੰਡ ਲਲਤੋਂ ਕਲਾਂ, ਬਲਾਕ ਲੁਧਿਆਣਾ ਵਿਖੇ ਬਲਾਕ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਮੁੱਖ ਖੇਤੀਬਾੜੀ ਅਫ਼ਸਰ ਲੁਧਿਆਣਾ ਡਾ. ਗੁਰਦੀਪ ਸਿੰਘ ਦੀ ਦੇਖ-ਰੇਖ ਹੇਠ ਲਗਾਏ ਗਏ ਇਸ ਕੈਂਪ ਵਿੱਚ ਐਸ.ਡੀ.ਐਮ. ਲੁਧਿਆਣਾ ਪੱਛਮੀ ਸ੍ਰੀ ਕੁਲਦੀਪ ਬਾਵਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਕੈਂਪ ਦੌਰਾਨ ਕਿਸਾਨਾਂ ਨੂੰ ਖੇਤੀਬਾੜੀ ਵਿਭਾਗ ਦੀਆਂ ਵੱਖ-ਵੱਖ ਸਰਕਾਰੀ ਸਕੀਮਾਂ, ਆਧੁਨਿਕ ਖੇਤੀ ਤਕਨੀਕਾਂ, ਮਿੱਟੀ ਦੀ ਸਿਹਤ ਸੰਭਾਲ, ਪਾਣੀ ਦੀ ਸੁਚੱਜੀ ਵਰਤੋਂ ਅਤੇ ਫ਼ਸਲਾਂ ਦੀ ਉੱਚ ਗੁਣਵੱਤਾ ਵਾਲੀ ਪੈਦਾਵਾਰ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਐਸ.ਡੀ.ਐਮ. ਕੁਲਦੀਪ ਬਾਵਾ ਨੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਪਰਾਲੀ ਦਾ ਯੋਗ ਪ੍ਰਬੰਧਨ ਕਰਨ ਅਤੇ ਵਾਤਾਵਰਣ ਦੀ ਸੰਭਾਲ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ।

ਮੁੱਖ ਖੇਤੀਬਾੜੀ ਅਫ਼ਸਰ ਲੁਧਿਆਣਾ ਡਾ. ਗੁਰਦੀਪ ਸਿੰਘ ਨੇ ਵਿਭਾਗ ਦੀਆਂ ਗਤੀਵਿਧੀਆਂ ਅਤੇ ਫ਼ਸਲਾਂ ਦੀ ਸੁਚੱਜੀ ਕਾਸ਼ਤ ਸਬੰਧੀ ਜਾਣਕਾਰੀ ਸਾਂਝੀ ਕੀਤੀ। ਇੰਜਨੀਅਰ ਅਮਨਪ੍ਰੀਤ ਘਈ ਨੇ ਪਰਾਲੀ ਪ੍ਰਬੰਧਨ ਲਈ ਵਰਤੀ ਜਾਣ ਵਾਲੀ ਵੱਖ-ਵੱਖ ਖੇਤੀ ਮਸ਼ੀਨਰੀ ਬਾਰੇ ਦੱਸਿਆ। ਡਾ. ਕਰਮਜੀਤ ਸਿੰਘ, ਏ.ਡੀ.ਓ. ਨੇ ਫਾਰਮਰ ਰਜਿਸਟਰੀ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ, ਜਦਕਿ ਡਾ. ਸੰਦੀਪ ਸਿੰਘ, ਏ.ਡੀ.ਓ. ਨੇ ਹਾੜ੍ਹੀ ਦੀਆਂ ਫ਼ਸਲਾਂ ਦੀ ਕਾਸ਼ਤ ਅਤੇ ਖਾਦਾਂ ਦੀ ਸੰਤੁਲਿਤ ਵਰਤੋਂ ਬਾਰੇ ਜਾਣਕਾਰੀ ਦਿੱਤੀ। ਡਾ. ਰਮਨ ਚੋਪੜਾ, ਏ.ਈ.ਓ. ਨੇ ਮਿੱਟੀ ਦੀ ਪਰਖ ਕਰਵਾਉਣ ਦੇ ਮਹੱਤਵ ਬਾਰੇ ਦੱਸਿਆ।

ਇਸ ਮੌਕੇ ਵੱਡੀ ਗਿਣਤੀ ਵਿੱਚ ਕਿਸਾਨਾਂ ਦੀ ਫਾਰਮਰ ਰਜਿਸਟਰੀ ਵੀ ਕੀਤੀ ਗਈ ਅਤੇ ਵਿਭਾਗ ਵੱਲੋਂ ਸਬਸਿਡੀ 'ਤੇ ਉਪਲਬਧ ਕਣਕ ਦੇ ਵੱਖ-ਵੱਖ ਕਿਸਮਾਂ ਦੇ ਬੀਜਾਂ ਬਾਰੇ ਜਾਣਕਾਰੀ ਦਿੱਤੀ ਗਈ।

ਕੈਂਪ ਦੌਰਾਨ ਡਾ. ਜਤਿੰਦਰ ਸਿੰਘ, ਏ.ਡੀ.ਓ. ਸਾਹਨੇਵਾਲ, ਦਿਲਜੀਤ ਕੌਰ, ਏ.ਡੀ.ਓ. ਬਦੋਵਾਲ, ਵੀਰਪਾਲ ਕੌਰ, ਏ.ਡੀ.ਓ. ਬਾੜੇਵਾਲ, ਹਰਪ੍ਰੀਤ ਸਿੰਘ, ਏ.ਐਸ.ਆਈ. ਬਾੜੇਵਾਲ, ਬਲਵੰਤ ਸਿੰਘ, ਏ.ਐਸ.ਆਈ. ਜੰਡਿਆਲੀ ਸਰਕਲ, ਹਰਪ੍ਰੀਤ ਕੌਰ, ਏ.ਐਸ.ਆਈ. ਸਾਹਨੇਵਾਲ ਸਰਕਲ, ਬੀ.ਟੀ.ਐਮ. ਸਰਬਜੀਤ ਸਿੰਘ ਅਤੇ ਏ.ਟੀ.ਐਮ. ਪ੍ਰਿੰਸ ਨਰੂਲਾ ਸਮੇਤ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ। ਮਨਮਨਿੰਦਰ ਸਿੰਘ, ਖੇਤੀਬਾੜੀ ਉਪ-ਨਿਰੀਖਕ ਨੇ ਮੰਚ ਦਾ ਸੰਚਾਲਨ ਕੀਤਾ। ਇਸ ਮੌਕੇ ਪਿੰਡ ਦੇ ਸਰਪੰਚ, ਪੰਚ, ਸਹਿਕਾਰੀ ਸਭਾ ਦੇ ਸਕੱਤਰ ਅਤੇ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਸ਼ਮੂਲੀਅਤ ਕੀਤੀ।

## ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਪੰਜਾਬ ਜੇਲ੍ਹ ਓਲੰਪਿਕ 2026 ਦੇ ਸਮਾਪਤੀ ਸਮਾਰੋਹ ਵਿੱਚ ਕੀਤੀ ਸ਼ਿਰਕਤ

### ਬੰਦੀਆਂ ਨੂੰ ਖੇਡਾਂ ਨਾਲ ਜੋੜਨਾ ਪੰਜਾਬ ਸਰਕਾਰ ਦੀ ਤਰਜੀਹ: ਡਾ. ਰਵਜੋਤ ਸਿੰਘ

### ਕੈਬਨਿਟ ਮੰਤਰੀ ਨੇ ਓਪਨ ਵੂਮੈਨ ਜੇਲ੍ਹ ਦਾ ਕੀਤਾ ਉਦਘਾਟਨ

### ਫੁੱਟਬਾਲ, ਕ੍ਰਿਕਟ ਸਮੇਤ ਹੋਰ ਖੇਡਾਂ ਨੂੰ ਦਿੱਤਾ ਜਾਵੇਗਾ ਉਤਸ਼ਾਹ – ਡਾ . ਰਵਜੋਤ ਸਿੰਘ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ, 28 ਅਕਤੂਬਰ: ਪੰਜਾਬ ਦੇ ਜੇਲ੍ਹਾਂ, ਐਨਆਰਆਈ ਅਤੇ ਪਾਰਲੀਮਾਨੀ ਮਾਮਲਿਆਂ ਬਾਰੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਕੇਂਦਰੀ ਜੇਲ੍ਹ ਪਟਿਆਲਾ ਵਿਖੇ ਬੰਦੀਆਂ ਲਈ ਕਰਵਾਏ ਗਏ ਪੰਜਾਬ ਜੇਲ੍ਹ ਓਲੰਪਿਕਸ-2026' ਦੇ ਰਾਜ ਪੱਧਰੀ ਸਮਾਗਮ ਵਿੱਚ ਸ਼ਿਰਕਤ ਕੀਤੀ ਅਤੇ ਸਮਾਗਮ ਦੀ ਸਮਾਪਤੀ ਕੀਤੀ। ਇਸ ਮੌਕੇ ਉਨ੍ਹਾਂ ਓਪਨ ਵੂਮੈਨ ਜੇਲ੍ਹ ਦਾ ਵੀ ਉਦਘਾਟਨ ਕੀਤਾ।

ਸਮਾਗਮ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬੰਦੀਆਂ ਨੂੰ ਖੇਡਾਂ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਫੁੱਟਬਾਲ, ਕ੍ਰਿਕਟ ਅਤੇ ਹੋਰ ਖੇਡਾਂ ਨੂੰ ਹੋਰ ਉਤਸ਼ਾਹਿਤ ਕੀਤਾ ਜਾਵੇਗਾ, ਤਾਂ ਜੋ ਬੰਦੀਆਂ ਨੂੰ ਸਿਹਤਮੰਦ ਅਤੇ ਉਸਾਰੂ ਗਤੀਵਿਧੀਆਂ ਨਾਲ ਜੋੜਿਆ ਜਾ ਸਕੇ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦਾ ਸੰਦੇਸ਼ ਹੈ ਕਿ ਪੰਜਾਬ ਦੇ ਹਰ ਵਰਗ ਦੇ ਲੋਕਾਂ ਨੂੰ ਖੇਡਾਂ ਨਾਲ ਜੋੜਿਆ ਜਾਵੇ, ਭਾਵੇਂ ਉਹ ਜੇਲ੍ਹਾਂ ਵਿੱਚ ਬੰਦ ਹੋਣ ਜਾਂ ਜੇਲ੍ਹਾਂ ਤੋਂ ਬਾਹਰ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣਾ ਸਰਕਾਰ ਦਾ ਸੁਪਨਾ ਹੈ ਅਤੇ ਇਸ ਟੀਚੇ ਦੀ ਪ੍ਰਾਪਤੀ ਲਈ ਖੇਡਾਂ ਅਹਿਮ ਭੂਮਿਕਾ ਨਿਭਾ ਸਕਦੀਆਂ ਹਨ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਖੇਡ ਮੈਦਾਨ ਤਿਆਰ ਕੀਤੇ ਗਏ ਹਨ ਅਤੇ ਪੰਜਾਬ ਭਰ ਵਿੱਚ 3,000 ਤੋਂ ਵੱਧ ਖੇਡ ਮੈਦਾਨ ਬਣਾਏ ਗਏ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਨੌਜਵਾਨਾਂ ਸਮੇਤ ਹਰ ਵਰਗ ਨੂੰ ਖੇਡਾਂ ਨਾਲ ਜੋੜ ਕੇ ਸਿਹਤਮੰਦ ਸਮਾਜ ਦੀ ਸਿਰਜਣਾ ਕਰਨਾ ਹੈ।

ਓਪਨ ਵੂਮੈਨ ਜੇਲ੍ਹ ਦੇ ਉਦਘਾਟਨ ਮੌਕੇ ਉਨ੍ਹਾਂ ਕਿਹਾ ਕਿ ਜੇਲ੍ਹਾਂ ਵਿੱਚ ਬੰਦ ਮਹਿਲਾਵਾਂ ਨੂੰ ਬਿਹਤਰ ਅਤੇ ਖੁੱਲ੍ਹਾ ਵਾਤਾਵਰਨ ਮੁਹੱਈਆ ਕਰਵਾਉਣਾ ਸਰਕਾਰ ਦੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਜੇਲ੍ਹ ਪ੍ਰਬੰਧਨ ਵਿੱਚ ਬੰਦੀਆਂ ਦੀ ਭਲਾਈ ਅਤੇ ਉਨ੍ਹਾਂ ਨੂੰ ਸਕਾਰਾਤਮਕ ਗਤੀਵਿਧੀਆਂ ਨਾਲ ਜੋੜਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

ਇਸ ਮੌਕੇ ਪੰਜਾਬ ਸਰਕਾਰ ਦੇ ਜੇਲ੍ਹ, ਸੰਸਦੀ ਮਾਮਲੇ ਅਤੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਕੈਬਨਿਟ ਮੰਤਰੀ, ਪ੍ਰਮੁੱਖ ਸਕੱਤਰ (ਜੇਲ੍ਹਾਂ, ਪੰਜਾਬ) ਸ਼੍ਰੀਮਤੀ ਭਾਵਨਾ ਗਰਗ, ਏ.ਡੀ.ਜੀ.ਪੀ. (ਜੇਲ੍ਹਾਂ) ਸ਼੍ਰੀ ਰਾਜੇਸ਼ ਕੁਮਾਰ ਜੈਸਵਾਲ, ਡੀ.ਆਈ.ਜੀ. (ਜੇਲ੍ਹਾਂ) ਸ਼੍ਰੀ ਸੂਬਾ ਸਿੰਘ, ਜੇਲ੍ਹ ਸੁਪਰਡੈਂਟ ਸ਼੍ਰੀ ਗੁਰਚਰਨ ਸਿੰਘ ਧਾਲੀਵਾਲ ਅਤੇ ਹੋਰ ਜੇਲ੍ਹ ਸੁਪਰਡੈਂਟ ਹਾਜ਼ਰ ਸਨ।

## ਸਿਹਤ ਵਿਭਾਗ ਦੀ ਟੀਮ ਵੱਲੋਂ ਪੰਜ ਮੈਡੀਕਲ ਸਟੋਰਾਂ ਦੀ ਜਾਂਚ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਕੋਟਕਪੂਰਾ, 28 ਅਕਤੂਬਰ : ਸਿਹਤ ਵਿਭਾਗ ਵੱਲੋਂ ਨਸ਼ਿਆਂ ਦੀ ਰੋਕਥਾਮ ਅਤੇ ਦਵਾਈਆਂ ਦੀ ਗੈਰ-ਕਾਨੂੰਨੀ ਵਿਕਰੀ ਨੂੰ ਰੋਕਣ ਲਈ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਅੱਜ ਕੋਟਕਪੂਰਾ ਹਲਕੇ ਦੇ ਹੌਟ ਸਪੌਟ ਖੇਤਰਾਂ ਵਿੱਚ ਪੈਂਦੇ ਪਿੰਡ ਪੰਜਗਰਾਈਂ ਕਲਾਂ ਅਤੇ ਢਿੱਲਵਾਂ ਕਲਾਂ ਵਿਖੇ ਪੁਲਿਸ ਦੇ ਸਹਿਯੋਗ ਨਾਲ ਪੰਜ ਮੈਡੀਕਲ ਸਟੋਰਾਂ ਦੀ ਜਾਂਚ ਕੀਤੀ ਗਈ। ਸਿਹਤ ਵਿਭਾਗ ਦੀ ਜਾਂਚ ਦੌਰਾਨ ਸ਼ਿਵ ਮੈਡੀਕੋਜ਼ ਵਿਖੇ ਫਾਰਮਾਸਿਸਟ ਗੈਰ-ਹਾਜ਼ਰ ਪਾਇਆ ਗਿਆ ਅਤੇ ਅਨੁਸੂਚੀ ਐੱਚ-1 ਅਧੀਨ ਆਉਣ ਵਾਲੀਆਂ ਦਵਾਈਆਂ ਦਾ ਰਜਿਸਟਰ ਸਹੀ ਢੰਗ ਨਾਲ ਰੱਖਿਆ ਹੋਇਆ ਨਹੀਂ ਮਿਲਿਆ। ਦਸਮੇਸ਼ ਮੈਡੀਕਲ ਸਟੋਰ ਵਿਖੇ ਵੀ ਫਾਰਮਾਸਿਸਟ ਗੈਰ-ਹਾਜ਼ਰ ਪਾਇਆ ਗਿਆ। ਇਸੇ ਤਰ੍ਹਾਂ ਮਾਡਰਨ ਕੈਮਿਸਟ ਸ਼ਾਪ ਵਿਖੇ ਫਾਰਮਾਸਿਸਟ ਦੀ ਗੈਰ-ਹਾਜ਼ਰੀ ਦੇ ਨਾਲ-ਨਾਲ ਅਨੁਸੂਚੀ ਐੱਚ-1 ਦਵਾਈਆਂ ਦਾ ਰਜਿਸਟਰ ਵੀ ਨਹੀਂ ਰੱਖਿਆ ਗਿਆ ਸੀ। ਉਨ੍ਹਾਂ ਦੱਸਿਆ ਕਿ ਖਾਮੀਆਂ ਵਾਲੇ ਮੈਡੀਕਲ ਸਟੋਰਾਂ ਨੂੰ ਕਾਰਨ ਦੱਸੋਂ ਨੋਟਿਸ ਜਾਰੀ ਕੀਤੇ ਹਨ,ਅਤੇ ਉਸ ਤੋਂ ਬਾਅਦ ਅਗਲੇਰੀ ਕਾਰਵਾਈ ਹੋਂਦ ਵਿੱਚ ਲਿਆਂਦੀ ਜਾਵੇਗੀ।

ਵਿਭਾਗ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਜਾਂਚ ਕੀਤੇ ਗਏ ਪੰਜਾਂ ਮੈਡੀਕਲ ਸਟੋਰਾਂ ਵਿੱਚੋਂ ਕਿਸੇ ਵੀ ਸਟੋਰ ਤੋਂ ਨਸ਼ੀਲੀਆਂ ਦਵਾਈਆਂ ਬਰਾਮਦ ਨਹੀਂ ਹੋਈਆਂ। ਸਿਹਤ ਵਿਭਾਗ ਵੱਲੋਂ ਮੈਡੀਕਲ ਸਟੋਰ ਸੰਚਾਲਕਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਦਵਾਈਆਂ ਦੀ ਵਿਕਰੀ ਸਬੰਧੀ ਨਿਰਧਾਰਤ ਨਿਯਮਾਂ ਦੀ ਪਾਲਣਾ ਕਰਨ, ਯੋਗ ਫਾਰਮਾਸਿਸਟ ਦੀ ਮੌਜੂਦਗੀ ਯਕੀਨੀ ਬਣਾਉਣ ਅਤੇ ਲੋੜੀਂਦੇ ਰਿਕਾਰਡ ਨੂੰ ਨਿਯਮਾਂ ਅਨੁਸਾਰ ਸੰਭਾਲ ਕੇ ਰੱਖਣ। ਨਸ਼ਿਆਂ ਦੀ ਰੋਕਥਾਮ ਲਈ ਵਿਭਾਗ ਵੱਲੋਂ ਪੁਲਿਸ ਦੇ ਸਹਿਯੋਗ ਨਾਲ ਜਾਂਚ ਮੁਹਿੰਮ ਜਾਰੀ ਰੱਖੀ ਜਾਵੇਗੀ।

## ਰਾਜਿਸਥਾਨੀ ਲੋਕ ਸਾਜ਼ "ਰਾਵਣ ਹੱਥਾ " ਦੇ ਬਹਾਨੇ ਰਾਮ ਸਰੂਪ ਯਾਦ ਆਇਆ।

ਵਰਲਡ ਪੰਜਾਬੀ ਟਾਈਮਜ਼
ਗੁਰਭਜਨ ਗਿੱਲ



ਮੈਂ ਇਹ ਲੋਕ ਸਾਜ਼ ਪਹਿਲੀ ਵਾਰ 1988 ਵਿੱਚ ਸੁਣਿਆ ਸੀ ਜਦ ਇੱਕ ਝੁੱਗੀ ਵਿੱਚ ਰਹਿੰਦਾ ਲੋਕ ਫ਼ਨਕਾਰ ਰਾਮ ਸਰੂਪ ਰਾਜਿਸਥਾਨੀ ਸਾਨੂੰ ਪ੍ਰੋ. ਮੋਹਨ ਸਿੰਘ ਮੇਲੇ ਤੇ ਮਿਲਿਆ। ਉਹ ਅਜਿਹੇ ਵਜਦ ਵਿੱਚ ਗਾਉਂਦਾ ਤੇ ਇਹ ਲੋਕ ਸਾਜ਼ "ਰਾਵਣ ਹੱਥਾ"ਵਜਾਉਂਦਾ ਕਿ ਕਾਇਨਾਤ ਸ਼ਾਹ ਰੋਕ ਕੇ ਸੁਣਦੀ।

ਉਸ ਨੂੰ ਕੁਲਦੀਪ ਮਾਣਕ ਕਿਤੋਂ ਲੱਭ ਕੇ ਲਿਆਇਆ ਸੀ। ਆਪਣੇ ਸਾਜ਼ਿੰਦਿਆਂ ਵਿੱਚ ਸ਼ਾਮਿਲ ਕਰ ਲਿਆ।

ਦੂਰ ਦਰਸ਼ਨ ਕੇਂਦਰ ਜਲੰਧਰ ਦੇ ਸੁਘੜ ਪੇਸ਼ਕਾਰ ਹਰਜੀਤ ਸਿੰਘ ਨੇ ਕੁਲਦੀਪ ਮਾਣਕ ਦੀਆਂ ਗਾਈਆਂ ਬੋਲੀਆਂ ਵਿੱਚ ਰਾਮ ਸਰੂਪ ਰਾਜਿਸਥਾਨੀ ਨੂੰ ਵੀ ਫਰੇਮ ਵਿੱਚ ਲੈ ਲਿਆ। ਉਹ ਵਜਦ ਵਿੱਚ ਆ ਕੇ ਸਾਜ਼ "ਰਾਵਣ ਹੱਥਾ"ਵਜਾ ਰਿਹਾ ਸੀ। ਬੋਲੀਆ ਟੈਲੀਕਾਸਟ ਹੋਣ ਉਪਰੰਤ ਉਸ ਸ਼ਾਮ ਤੋਂ ਬਾਦ

ਰਾਮ ਸਰੂਪ ਰਾਜਿਸਥਾਨੀ ਵੀ ਪਛਾਨਣ ਯੋਗ ਚਿਹਰਾ ਬਣ ਗਿਆ।

ਉ ਦੀ ਆਪਣੀ ਆਵਾਜ਼ ਵੀ ਚੰਗੀ ਸੀ। ਸ. ਜਗਦੇਵ ਸਿੰਘ ਜੱਸੋਵਾਲ ਨੇ ਆਪ ਖ਼ਰਚਾ ਕਰਕੇ ਇੰਦਰ ਲੋਕ ਸਟੂਡੀਉ ਵਿੱਚ ਉਸ ਦੀ ਇਕਲੌਤੀ ਕੈਸਿਟ " ਪੱਟੇਂਗੀ ਜਹਾਨੋ ਜਾਣੀਏਂ" ਰੀਕਾਰਡ ਕਰਵਾਈ। ਉਸ ਬਾਰੇ ਮੈਂ ਵੀ ਪੰਜਾਬੀ ਟ੍ਰਿਬਿਊਨ ਵਿੱਚ ਲੇਖ ਲਿਖਿਆ।

ਰਾਮ ਸਰੂਪ ਨੂੰ ਗੁਰਬਤ ਨੇ ਮਰੋੜ ਕੇ ਰੱਖ ਦਿੱਤਾ। ਉਹ ਸਮਰਾਲੇ ਝੁੱਗੀ ਪਾ ਕੇ ਰਹਿਣ ਲੱਗ ਪਿਆ। ਕੋਈ ਸ਼ਰਾਰਤੀ ਉਸ ਦੇ ਬਾਲ ਪੁੱਤਰ ਨੂੰ ਵਰਗਲਾ ਕੇ ਲੈ ਗਿਆ ਜੋ ਕਦੇ ਨਾ ਪਰਤਿਆ।

ਉਸ ਦੇ ਵਿਯੋਗ ਵਿੱਚ ਰਾਮ ਸਰੂਪ ਥਾਂ ਥਾਂ ਭਟਕਿਆ ਪਰ ਕਿਤੇਂ ਦੱਸ ਨਾ ਪਈ।

ਉਸ ਨੂੰ ਜੱਸੋਵਾਲ ਸਾਹਿਬ ਪਾਲਮ ਵਿਹਾਰ ਸਥਿਤ ਵਿਰਾਸਤ ਭਵਨ ਵਿੱਚ ਲੈ ਆਏ। ਉਹ ਉੱਥੋਂ ਕਿੱਧਰ ਚਲਾ ਗਿਆ, ਅੱਜ ਤੀਕ ਉੱਘ ਸੁੱਘ ਨਹੀਂ ਮਿਲੀ।

"ਰਾਵਣ ਹੱਥਾ"ਸਾਜ਼ ਨੂੰ ਉਹ "ਰੌਣਥਾ" ਕਹਿੰਦਾ ਹੁੰਦਾ ਸੀ।

ਅੱਜ ਇਸ ਸਾਜ਼ ਦੇ ਵਜੰਤਰੀ ਦੀ ਤਸਵੀਰ ਵੇਖੀ ਤਾਂ ਰਾਮ ਸਰੂਪ ਯਾਦ ਆਇਆ।